# ਆਕਾਸ਼ਵਾਣੀ ਜਲੰਧਰ

# ਪ੍ਰਾਦੇਸ਼ਿਕ ਖਬਰਾਂ

## 18:20

**ਮਿਤੀ :01-09-2026**

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪਰਾਲੀ ਸਾੜਨ 'ਤੇ ਰੋਕ ਲਗਾਉਣ ਲਈ ਵੱਡੇ ਪੱਧਰ 'ਤੇ ਜਾਗਰੂਕਤਾ ਮੁਹਿੰਮ ਚਲਾਉਣ ਦਾ ਸੱਦਾ ਦਿੱਤਾ।
- ਸਿਹਤ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਪਟਿਆਲਾ ਜ਼ਿਲ੍ਹੇ ’ਚ ਨਸ਼ਾ ਰੋਕੂ ਗਤੀਵਿਧੀਆਂ ਦਾ ਜਾਇਜ਼ਾਕਿਹਾ, ਨਸ਼ਿਆਂ ਦੀ ਸਪਲਾਈ ਚੇਨ ਤੋੜਨ ਲਈ ਕਾਬੂ ਕੀਤੇ ਜਾਣਗੇ ਨਸ਼ਾ ਤਸਕਰ।
- ਪੰਜਾਬ ਸਰਕਾਰ ਵੱਲੋਂ ਸੀਨੀਅਰ ਨਾਗਰਿਕਾਂ ਦੀ ਭਲਾਈ ਲਈ 598 ਲੱਖ ਤੋਂ ਵੱਧ ਦੀ ਸੂਬਾ ਕਾਰਜ ਯੋਜਨਾ  ਨੂੰ ਪ੍ਰਵਾਨਗੀ।
- ਜਲੰਧਰ ਵਿੱਚ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ‘ਰਨ ਫਾਰ ਇਕੁਐਲਿਟੀ’ ਮੈਰਾਥਨ ’ਚ 650 ਐਥਲੀਟਾਂ ਨੇ ਲਿਆ ਹਿੱਸਾ।
- ਪੰਜਾਬ ਵਿੱਚ ਚਲਾਈ ਜਾ ਰਹੀ ‘ਮਿਸ਼ਨ ਕਲੀਨ ਪੰਜਾਬ’ ਮੁਹਿੰਮ ਸੂਬੇ ਭਰ ਵਿਚ ਉਤਸ਼ਾਹ ਨਾਲ ਜਾਰੀ ਏ।

-------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸੂਬੇ ਵਿੱਚ ਪਰਾਲੀ ਸਾੜਨ ਨੂੰ ਹੋਰ ਰੋਕਣ ਲਈ ਇੱਕ ਵਿਸ਼ਾਲ ਸੂਚਨਾ ਅਤੇ ਜਾਗਰੂਕਤਾ ਮੁਹਿੰਮ ਚਲਾਉਣ ਦਾ ਸੱਦਾ ਦਿੱਤਾ । ਪੰਜਾਬ ਸਰਕਾਰ ਦੇ ਨਿਰੰਤਰ ਯਤਨਾਂ ਕਾਰਨ 2023 ਤੋਂ 2025 ਦਰਮਿਆਨ ਅਜਿਹੀਆਂ ਘਟਨਾਵਾਂ ਵਿੱਚ ਪਹਿਲਾਂ ਹੀ 86 ਫੀਸਦੀ ਦੀ ਕਮੀ ਆਈ ਏ । ਅਧਿਕਾਰੀਆਂ ਨੂੰ ਇਸ ਮੁਹਿੰਮ ਨੂੰ ਪਿੰਡਾਂ ਅਤੇ ਬਲਾਕਾਂ ਵਿੱਚ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਲਿਜਾਣ ਦੇ ਨਿਰਦੇਸ਼ ਦਿੰਦੇ ਹੋਏ, ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਗੈਰ-ਸਰਕਾਰੀ ਸੰਗਠਨਾਂ , ਸਮਾਜ ਸੇਵਕਾਂ, ਪੰਚਾਇਤਾਂ ਅਤੇ ਕਿਸਾਨਾਂ ਦੀ ਸਰਗਰਮ ਭਾਗੀਦਾਰੀ, ਵੱਡੇ ਪੱਧਰ 'ਤੇ ਸਮਾਜਿਕ ਇਨ੍ਹਾਂ ਪ੍ਰਾਪਤੀਆਂ ਨੂੰ ਇਕਜੁੱਟ ਕਰਨ ਅਤੇ ਪੰਜਾਬ ਦੇ ਵਾਤਾਵਰਣ ਨੂੰ ਬਚਾਉਣ ਲਈ ਮੀਡੀਆ ਪਹੁੰਚ ਅਤੇ ਮਜ਼ਬੂਤ ਇਨ-ਸੀਟੂ ਅਤੇ ਐਕਸ-ਸੀਟੂ ਪਰਾਲੀ ਪ੍ਰਬੰਧਨ ਜ਼ਰੂਰੀ ਏ ।

-------------------------------------------------------------

ਪਰਾਲੀ ਪ੍ਰਬੰਧਨ ਰਣਨੀਤੀ 'ਤੇ ਇੱਕ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ, ਮੁੱਖ ਮੰਤਰੀ ਨੇ ਕਿਹਾ ਕਿ ਇਸ ਸਾਲ ਪੰਜਾਬ ਵਿੱਚ ਲਗਭਗ 30 ਲੱਖ ਹੈਕਟੇਅਰ ਰਕਬੇ ਵਿੱਚ ਝੋਨੇ ਦੀ ਬਿਜਾਈ ਕੀਤੀ ਗਈ ਏ ।

ਮੁੱਖ ਮੰਤਰੀ ਨੇ ਕਿਹਾ, "ਕਿਸਾਨਾਂ ਨੂੰ ਪਰਾਲੀ ਸਾੜਨ ਦੇ ਨੁਕਸਾਨਾਂ ਤੋਂ

ਜਾਣੂ ਕਰਵਾਉਣ ਲਈ ਪਿੰਡ ਅਤੇ ਬਲਾਕ ਪੱਧਰ 'ਤੇ ਇੱਕ ਵਿਆਪਕ ਜਾਣਕਾਰੀ ਅਤੇ ਜਾਗਰੂਕਤਾ ਮੁਹਿੰਮ ਸ਼ੁਰੂ ਕੀਤੀ ਜਾਣੀ ਚਾਹੀਦੀ ਏ । ਮੁੱਖ ਮੰਤਰੀ ਨੇ ਜ਼ਮੀਨੀ ਪੱਧਰ ਦੀਆਂ ਗਤੀਵਿਧੀਆਂ ਨੂੰ ਪੂਰਾ ਕਰਨ ਲਈ ਇੱਕ ਵਿਆਪਕ ਡਿਜੀਟਲ ਅਤੇ ਮਲਟੀਮੀਡੀਆ ਰਣਨੀਤੀ ਦੀ ਮੰਗ ਵੀ ਕੀਤੀ। ਉਨ੍ਹਾਂ ਕਿਹਾ ਕਿ ਇੱਕ ਵਿਆਪਕ ਡਿਜੀਟਲ ਯੋਜਨਾ ਲਾਗੂ ਕੀਤੀ ਜਾਣੀ ਚਾਹੀਦੀ ਏ ਜਿਸ ਵਿੱਚ ਰੇਡੀਓ , ਪ੍ਰਿੰਟ ਮੀਡੀਆ, ਟੈਲੀਵਿਜ਼ਨ, ਮੋਬਾਈਲ ਐਸਐਮਐਸ ਅਤੇ ਬਾਹਰੀ ਮੀਡੀਆ ਸ਼ਾਮਲ ਨੇ । ਕਿਸਾਨਾਂ ਅਤੇ ਪੇਂਡੂ ਸੰਸਥਾਵਾਂ ਨੂੰ ਉਤਸ਼ਾਹਿਤ ਕਰਨ ਦੀ ਜ਼ਰੂਰਤ 'ਤੇ ਜ਼ੋਰ ਦਿੰਦੇ ਹੋਏ, ਮੁੱਖ ਮੰਤਰੀ ਨੇ ਕਿਹਾ, "ਪ੍ਰਗਤੀਸ਼ੀਲ ਕਿਸਾਨਾਂ, ਉੱਤਮ ਪੰਚਾਇਤਾਂ, ਅਤੇ ਹੋਰ ਹਿੱਸੇਦਾਰਾਂ ਨੂੰ ਉਨ੍ਹਾਂ ਦੇ ਬਹਿਤਰੀਨ ਯੋਗਦਾਨ ਲਈ ਸਨਮਾਨਿਤ ਕੀਤਾ ਜਾਣਾ ਚਾਹੀਦਾ ਏ । ਅਜਿਹੀ ਮਾਨਤਾ ਦੂਜਿਆਂ ਨੂੰ ਚੰਗੇ ਅਭਿਆਸਾਂ ਨੂੰ ਅਪਣਾਉਣ ਅਤੇ ਪਰਾਲੀ ਪ੍ਰਬੰਧਨ ਨੂੰ ਇੱਕ ਜਨ ਲਹਿਰ ਬਣਾਉਣ ਲਈ ਉਤਸ਼ਾਹਿਤ ਕਰੇਗੀ।

---

ਮੁੱਖ ਮੰਤਰੀ ਨੇ 5 ਸਤੰਬਰ ਨੂੰ ਬਠਿੰਡਾ ਦੇ ਸ਼ਹੀਦ ਭਗਤ ਸਿੰਘ ਸਟੇਡੀਅਮ ਤੋਂ ਸ਼ੁਰੂ ਹੋ ਰਹੇ ‘ਖੇਡਾਂ ਵਤਨ ਪੰਜਾਬ ਦੀਆਂ-2026’ ਦੇ ਚੌਥੇ ਸੀਜ਼ਨ ਲਈ ਅੱਜ ਅਧਿਕਾਰੀਆਂ ਨੂੰ ਪੁਖ਼ਤਾ ਪ੍ਰਬੰਧ ਯਕੀਨੀ ਬਣਾਉਣ ਦੇ ਹੁਕਮ ਦਿੱਤੇ। ਸੂਬੇ ਦੇ ਇਸ ਸਭ ਤੋਂ ਵੱਡੇ ਖੇਡ ਮੁਕਾਬਲੇ

ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਦੱਸਿਆ ਕਿ ਇਸ ਸਾਲ ਲਗਭਗ 10 ਲੱਖ ਖਿਡਾਰੀਆਂ ਦੇ ਹਿੱਸਾ ਲੈਣ ਦੀ ਉਮੀਦ ਏ , ਜਦਕਿ 38 ਖੇਡਾਂ ਦੇ ਮੁਕਾਬਲੇ ਅਤੇ ਚਾਰ ਪੈਰਾ-ਖੇਡਾਂ ਪੂਰੇ ਪੰਜਾਬ ਦੇ ਖੇਡ ਹੁਨਰ ਨੂੰ ਤਰਾਸ਼ਣ ਅਤੇ ਨਿਖਾਰਨ ਲਈ ਢੁਕਵਾਂ ਮੰਚ ਪ੍ਰਦਾਨ ਕਰਨਗੀਆਂ। ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਖੇਡਾਂ ਵਿੱਚ ਹਿੱਸਾ ਲੈਣ ਵਾਲੇ ਜੇਤੂ ਖਿਡਾਰੀਆਂ ਲਈ ਆਕਰਸ਼ਕ ਨਕਦ ਇਨਾਮਾਂ ਦੀ ਵੀ ਵਿਵਸਥਾ ਕੀਤੀ ਗਈ ਏ । ਉਨ੍ਹਾਂ ਪੰਜਾਬ ਦੇ ਸਮੂਹ ਨੌਜਵਾਨਾਂ ਅਤੇ ਖੇਡ ਪ੍ਰੇਮੀਆਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਖੇਡਾਂ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣ ਤੇ ਕਿਊ.ਆਰ. ਕੋਡ ਨੂੰ ਸਕੈਨ ਕਰਕੇ ਜਾ ਫੇਰ ਜਾਂ sports.punjab.gov.in ਤੇ ਆਪਣੀ ਰਜਿਸਟ੍ਰੇਸ਼ਨ ਕਰਵਾ ਸਕਦੇ ਨੇ ।

-------------------------------------------------------------------

ਇਸੇ ਦੌਰਾਨ 'ਖੇਡਾਂ ਵਤਨ ਪੰਜਾਬ ਦੀਆਂ'-2026 ਲਈ ਮਸ਼ਾਲ ਮਾਰਚ ਅੱਜ ਫਾਜ਼ਿਲਕਾ ਵਿਖੇ ਪਹੁੰਚਿਆ । ਮਸ਼ਾਲ ਮਾਰਚ ਦਾ ਫਾਜ਼ਿਲਕਾ ਦੇ ਸ਼ਹੀਦ ਭਗਤ ਸਿੰਘ ਬਹੁਮੰਤਵੀਂ ਖੇਡ ਸਟੇਡੀਅਮ ਵਿਖੇ ਪਹੁੰਚਣ ਤੇ ਸਹਾਇਕ ਕਮਿਸ਼ਨਰ ਹਰਬੰਸ ਸਿੰਘ ਵੱਲੋਂ ਮਸ਼ਾਲ ਦਾ ਸਵਾਗਤ ਕੀਤਾ ਗਿਆ । ਵਿਦਿਆਰਥੀਆਂ ਨੇ ਸਭਿਆਚਾਰ ਪ੍ਰੋਗਰਾਮ ਵੀ ਪੇਸ਼ ਕੀਤਾ ।

--------------------------------------------------------------------

ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਏ ਕਿ ਸਰਕਾਰ ਵੱਲੋਂ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਹੁਣ ਲੋਕ ਲਹਿਰ ਬਣ ਚੁੱਕੀ ਏ ਅਤੇ ਲੋਕ ਖ਼ੁਦ ਸੂਚਨਾ ਦੇ ਕੇ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਵਾਉਣ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਨੇ । ਉਨ੍ਹਾਂ ਦੱਸਿਆ ਕਿ ਨਸ਼ੇ ਦੇ ਸ਼ਿਕਾਰ ਲੋਕ ਹੁਣ ਨਸ਼ਾ ਮੁਕਤੀ ਲਈ ਖੁੱਲ੍ਹ ਕੇ ਅੱਗੇ ਆ ਰਹੇ ਨੇ ਅਤੇ ਤਾਜ਼ਾ ਅੰਕੜਿਆਂ ਮੁਤਾਬਕ ਨਸ਼ਾ ਮੁਕਤੀ ਕੇਂਦਰਾਂ, ਓਟ ਸੈਂਟਰਾਂ ਅਤੇ ਮੁੜ ਵਸੇਬਾ ਕੇਂਦਰਾਂ ਵਿਖੇ ਮਰੀਜ਼ਾਂ ਦੀ ਆਮਦ ਵਿੱਚ 250 ਗੁਣਾ ਇਜ਼ਾਫ਼ਾ ਹੋਇਆ ਏ । ਸਿਹਤ ਮੰਤਰੀ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਇੱਕ ਉੱਚ ਪੱਧਰੀ ਮੀਟਿੰਗ ਦੌਰਾਨ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਪਟਿਆਲਾ ਜ਼ਿਲ੍ਹੇ ਵਿੱਚ ਚੱਲ ਰਹੀਆਂ ਨਸ਼ਾ ਰੋਕੂ ਗਤੀਵਿਧੀਆਂ ਦਾ ਜਾਇਜ਼ਾ ਲੈ ਰਹੇ ਸਨ। ਉਨ੍ਹਾਂ ਦੱਸਿਆ ਕਿ ਪੁਲਿਸ ਨੂੰ ਨਿਰਦੇਸ਼ ਦਿੱਤੇ ਗਏ ਨੇ ਕਿ ਜਿੱਥੋਂ ਨਸ਼ਿਆਂ ਦੀ ਸਪਲਾਈ ਆ ਰਹੀ ਏ ਉੱਥੋਂ ਤੱਕ ਪਹੁੰਚ ਕਰਕੇ ਵੱਡੇ ਨਸ਼ਾ ਤਸਕਰਾਂ ਨੂੰ ਕਾਬੂ ਕੀਤਾ ਜਾਵੇ ਅਤੇ ਨਸ਼ਿਆਂ ਦੀ ਸਪਲਾਈ ਚੇਨ ਨੂੰ ਪੂਰੀ ਤਰ੍ਹਾਂ ਤੋੜਿਆ ਜਾਵੇ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਸੂਬੇ ਵਿੱਚ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਵਿਰੁੱਧ ਰੋਕਥਾਮ, ਨਿਗਰਾਨੀ, ਇਲਾਜ, ਮੁੜ ਵਸੇਬੇ ਅਤੇ ਭਾਈਚਾਰਕ ਭਾਗੀਦਾਰੀ ਨੂੰ ਮਜ਼ਬੂਤ ਕਰਨ ਲਈ 'ਯੁੱਧ ਨਸ਼ਿਆਂ

ਵਿਰੁੱਧ’ ਮੁਹਿੰਮ ਚਲਾ ਰਹੀ ਏ। ਉਨ੍ਹਾਂ ਕਿਹਾ ਕਿ ਇਸ ਤਹਿਤ ਵਾਰਡ ਅਤੇ ਪਿੰਡ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਦੇ ਯਤਨਾਂ ਸਦਕਾ ਲੋਕ ਹੁਣ ਖੁੱਲ੍ਹ ਕੇ ਨਸ਼ਿਆਂ ਵਿਰੁੱਧ ਸਰਕਾਰ ਦਾ ਸਾਥ ਦੇ ਰਹੇ ਨੇ। ਸਿਹਤ ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਨਸ਼ਾ ਰਹਿਤ ਹੋ ਚੁੱਕੇ ਵਿਅਕਤੀਆਂ ਨੂੰ ‘ਸੂਰਮੇ’ ਦਾ ਨਾਮ ਦਿੱਤਾ ਏ ਅਤੇ ਅਜਿਹੇ ਸੂਰਮੇ ਬ੍ਰਾਂਡ ਅੰਬੈਸਡਰ ਬਣ ਕੇ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਹੋਰ ਅੱਗੇ ਵਧਾ ਰਹੇ ਨੇ। ਉਨ੍ਹਾਂ ਦੱਸਿਆ ਕਿ ਨਸ਼ੇ ਛੱਡਣ ਦੇ ਚਾਹਵਾਨ ਲੋਕਾਂ ਲਈ 'ਕਮਿਊਨਿਟੀ ਬ੍ਰਿਜ ਪ੍ਰੋਗਰਾਮ' ਸ਼ੁਰੂ ਕੀਤਾ ਗਿਆ ਏ, ਜਿਸ ਤਹਿਤ ਅਜਿਹੇ ਵਿਅਕਤੀ ਹਸਪਤਾਲਾਂ ਵਿੱਚ ਪਹੁੰਚ ਕੇ ਲੋੜੀਂਦਾ ਇਲਾਜ ਅਤੇ ਦਵਾਈ ਪ੍ਰਾਪਤ ਕਰ ਸਕਦੇ ਨੇ।

---------------------------------------------------------------------

ਕੈਬਿਨੇਟ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਪੰਜਾਬ ਭਰ ਵਿੱਚ ਸੀਨੀਅਰ ਸਿਟੀਜ਼ਨ ਵਾਸਤੇ ਸੂਬਾ ਕਾਰਜ ਯੋਜਨਾ (SAP) 2026-27 ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਉੱਚ ਪੱਧਰੀ ਭਾਈਵਾਲਾਂ ਦੀ ਮੀਟਿੰਗ ਦੀ ਪ੍ਰਧਾਨਗੀ ਕੀਤੀ। ਮੀਟਿੰਗ ਦੌਰਾਨ ਸੀਨੀਅਰ ਨਾਗਰਿਕਾਂ ਦੀ ਸਿਹਤ ਸੰਭਾਲ, ਦੇਖਭਾਲ, ਸਮਾਜਿਕ ਸੁਰੱਖਿਆ, ਮਾਨਸਿਕ ਤੰਦਰੁਸਤੀ ਅਤੇ ਖੁਸ਼ਹਾਲ ਜੀਵਨ ਨੂੰ ਉਤਸ਼ਾਹਿਤ ਕਰਨ ਲਈ ਵੱਖ-ਵੱਖ ਵਿਭਾਗਾਂ ਵਿਚਕਾਰ ਹੋਰ ਪ੍ਰਭਾਵਸ਼ਾਲੀ ਤਾਲਮੇਲ

ਸਥਾਪਤ ਕਰਨ ਸਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਡਾ. ਬਲਜੀਤ ਕੌਰ ਨੇ ਐਲਾਨ ਕੀਤਾ ਕਿ ਪੰਜਾਬ ਸਰਕਾਰ ਵੱਲੋਂ ਪਹਿਲੀ ਅਕਤੂਬਰ ਨੂੰ ਕੌਮਾਂਤਰੀ ਬਜ਼ੁਰਗ ਦਿਵਸ ਦੇ ਮੌਕੇ ਸ੍ਰੀ ਮੁਕਤਸਰ ਸਾਹਿਬ ਤੋਂ ਸੂਬਾ ਪੱਧਰੀ 'ਸਾਡੇ ਬਜ਼ੁਰਗ ਸਾਡਾ ਮਾਣ' ਮੁਹਿੰਮ ਦੀ ਸ਼ੁਰੂਆਤ ਕੀਤੀ ਜਾਵੇਗੀ। ਮੰਤਰੀ ਨੇ ਦੱਸਿਆ ਕਿ ਸੂਬਾ ਕਾਰਜ ਯੋਜਨਾ ਨੂੰ ਲਾਗੂ ਕਰਨ ਲਈ 598 ਲੱਖ 75 ਹਜ਼ਾਰ ਦੀ ਵਿੱਤੀ ਵਿਵਸਥਾ ਕੀਤੀ ਗਈ ਏ। ਇਸ ਰਾਸ਼ੀ ਦੀ ਵਰਤੋਂ ਮੁਫ਼ਤ ਸਿਹਤ ਜਾਂਚ ਅਤੇ ਸਿਹਤ ਮੁਲਾਂਕਣ ਕੈਂਪ, ਅੱਖਾਂ ਦੀ ਜਾਂਚ ਅਤੇ ਲੋੜਵੰਦ ਸੀਨੀਅਰ ਨਾਗਰਿਕਾਂ ਵਾਸਤੇ ਭਲਾਈ ਪ੍ਰੋਗਰਾਮਾਂ 'ਤੇ ਕੀਤੀ ਜਾਵੇਗੀ।

---

ਪੰਜਾਬ ਦੇ ਕੈਬਿਨੇਟ ਮੰਤਰੀ ਮੋਹਿੰਦਰ ਭਗਤ ਨੇ ਅੱਜ ਜਲੰਧਰ 'ਚ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ 5 ਕਿਲੋਮੀਟਰ 'ਰਨ ਫਾਰ ਇਕੁਐਲਿਟੀ' ਮੈਰਾਥਨ ਨੂੰ ਰਵਾਨਾ ਕੀਤਾ ਗਿਆ। ਸਰਕਾਰੀ ਆਰਟਸ ਅਤੇ ਸਪੋਰਟਸ ਕਾਲਜ ਤੋਂ ਸ਼ੁਰੂ ਹੋਈ ਇਸ ਮੈਰਾਥਨ ਵਿੱਚ 650 ਐਥਲੀਟਾਂ ਨੇ ਹਿੱਸਾ ਲਿਆ। ਇਹ ਮੈਰਾਥਨ ਕਪੂਰਥਲਾ ਚੌਂਕ, ਵਰਕਸ਼ਾਪ ਚੌਕ ਅਤੇ ਡੀ.ਏ.ਵੀ. ਕਾਲਜ ਤੋਂ ਹੁੰਦੀ ਹੋਈ ਇਸੇ ਰੂਟ ਤੋਂ ਮੁੜ ਕਾਲਜ ਪਹੁੰਚ ਕੇ ਸਮਾਪਤ ਹੋਈ। ਮੈਰਾਥਨ ਵਿੱਚ ਸ਼ਾਮਲ ਐਥਲੀਟਾਂ, ਖੇਡ ਕਲੱਬਾਂ ਅਤੇ ਐਨ.ਜੀ.ਓਜ਼ ਦਾ ਉਤਸ਼ਾਹ

ਦੇਣ ਯੋਗ ਸੀ। ਕੈਬਨਿਟ ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਇਨ੍ਹਾਂ ਸਮਾਗਮਾਂ ਦੇ ਹਿੱਸੇ ਵਜੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਢੇ 6 ਲੱਖ ਬੂਟੇ ਲਗਾਉਣ ਦੀ ਵਿਲੱਖਣ ਮੁਹਿੰਮ ਵੀ ਸ਼ੁਰੂ ਕੀਤੀ ਏ । ਕੈਬਨਿਟ ਮੰਤਰੀ ਵੱਲੋਂ ਜੇਤੂ ਐਥਲੀਟਾਂ ਦਾ ਮੈਡਲਾਂ ਨਾਲ ਸਨਮਾਨ ਕੀਤਾ ਗਿਆ। ਮੈਰਾਥਨ ਵਿੱਚ ਸ਼ਿਰਕਤ ਕਰਨ ਵਾਲੇ ਐਨ.ਜੀ.ਓਜ਼ ਅਤੇ ਖੇਡ ਕਲੱਬਾਂ ਨੂੰ ਵੀ ਸਨਮਾਨਿਤ ਕੀਤਾ ਗਿਆ।

---------------------------------------------------------------------------

ਓਧਰ ਸ੍ਰੀ ਫ਼ਤਹਿਗੜ੍ਹ ਸਾਹਿਬ, ਖੇਡ ਵਿਭਾਗ, ਜ਼ਿਲ੍ਹਾ ਪ੍ਰਸ਼ਾਸਨ ਅਤੇ ਪੁਲਿਸ ਵਿਭਾਗ ਵੱਲੋਂ ਸ੍ਰੀ ਗੁਰੂ ਰਵੀਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਂਝੇ ਤੌਰ 'ਤੇ ਮੈਰਾਥਨ ਦੌੜ ਕਰਵਾਈ ਗਈ। ਮੈਰਾਥਨ ਦੀ ਸ਼ੁਰੂਆਤ ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ, ਤੋਂ ਹੋਈ,ਜਿਸ ਵਿੱਚ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ, ਨੌਜਵਾਨਾਂ ਤੇ ਹਰ ਵਰਗ ਦੇ ਉਮਰ ਦੇ ਲੋਕਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ।

---------------------------------------------------------------------------

ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਫਗਵਾੜਾ ਵਿਖੇ ਅੱਜ 500 ਡਰੋਨਾਂ ਰਾਹੀਂ ਗੁਰੂ ਸਾਹਿਬ ਜੀ ਦੀਆਂ ਸਿੱਖਿਆਵਾਂ ਤੇ ਮਾਨਵ ਸਾਂਝੀਵਾਲਤਾ ਦਾ ਸੁਨੇਹਾ ਦਿੱਤਾ ਜਾਵੇਗਾ ।

ਪੰਜਾਬ ਸਰਕਾਰ ਵਲੋਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਅੱਜ ਫਗਵਾੜਾ ਦੇ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਸਟੇਡੀਅਮ ਵਿੱਚ ਇੱਕ ਸ਼ਾਨਦਾਰ ਡਰੋਨ ਸ਼ੋਅ ਕਰਵਾਉਣ ਜਾ ਰਹੀ ਏ । ਇਸ ਵਿੱਚ 500 ਡਰੋਨ ਆਸਮਾਨ ਵਿੱਚ ਇੱਕਠੇ ਉੱਡ ਕੇ ਰੌਸ਼ਨੀ ਅਤੇ ਸੁੰਦਰ ਨਜ਼ਾਰੇ ਪੇਸ਼ ਕਰਨਗੇ। ਇਸ ਸ਼ੋਅ ਵਿੱਚ ਆਧੁਨਿਕ ਟੈਕਨਾਲੋਜੀ, ਅਤੇ ਲਾਈਟਾਂ ਦੀ ਮਦਦ ਨਾਲ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਉਨ੍ਹਾਂ ਦੀ ਸਿੱਖਿਆਵਾਂ, ਬਰਾਬਰੀ ਅਤੇ ਇਨਸਾਫ਼ ਦੇ ਸੁਨੇਹੇ ਨੂੰ ਬਹੁਤ ਹੀ ਖ਼ੂਬਸੂਰਤ ਤਰੀਕੇ ਨਾਲ ਦਿਖਾਇਆ ਜਾਵੇਗਾ। ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ ਨੇ ਇਸ ਪ੍ਰੋਗਰਾਮ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਅਧਿਕਾਰੀਆਂ ਨੂੰ ਸਾਰੇ ਇੰਤਜ਼ਾਮ ਸਮੇਂ ਸਿਰ ਅਤੇ ਪੂਰੇ ਸੁਰੱਖਿਅਤ ਢੰਗ ਨਾਲ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਫਗਵਾੜਾ ਦੇ ਲੋਕਾਂ ਨੂੰ ਵੱਡੀ ਗਿਣਤੀ ਵਿੱਚ ਆ ਕੇ ਇਸ ਅਨੋਖੇ ਸ਼ੋਅ ਨੂੰ ਦੇਖਣ ਦੀ ਅਪੀਲ ਕੀਤੀ।

---------------------------------------------------------------------

ਫਰੀਦਕੋਟ ਦੇ ਮੁੱਖ ਨਿਆਂਇਕ ਮੈਜਿਸਟ੍ਰੇਟ ਗੁਰਪ੍ਰੀਤ ਕੌਰ ਨੇ ਗ੍ਰਹਿ ਮੰਤਰਾਲੇ ਦੇ ਹੁਕਮਾਂ ਮੁਤਾਬਿਕ  ਅਬਜਰਵੇਸ਼ਨ ਹੋਮ ਫਰੀਦਕੋਟ ਤੋਂ ਇੱਕ ਪਾਕਿਸਤਾਨੀ ਬੱਚੇ ਨੂੰ ਵਾਪਸ ਉਸਦੇ ਦੇਸ਼ ਭੇਜਣ ਦਾ ਪ੍ਰਬੰਧ ਕੀਤਾ ਏ । ਜ਼ਿਕਰਯੋਗ ਏ ਕਿ ਇੱਕ ਪਾਕਿਸਤਾਨੀ ਨਾਬਾਲਿਗ  ਜੋ ਕਿ ਜ਼ਿਲ੍ਹਾ

ਫਿਰੋਜ਼ਪੁਰ ਦੀ ਸਰਹੱਦ ਤੋਂ ਗੈਰ ਕਾਨੂੰਨੀ ਤਰੀਕੇ ਨਾਲ ਭਾਰਤ ਦੀ ਸਰਹੱਦ ਅੰਦਰ ਦਾਖਲ ਹੋ ਗਿਆ ਸੀ । ਇਸ ਸਬੰਧੀ ਵਿਦੇਸ਼ ਮੰਤਰਾਲੇ ਦੀ ਮਨਜ਼ੂਰੀ ਤੋਂ ਬਾਅਦ ਹੁਣ ਇਸ ਨਾਬਾਲਿਗ ਨੂੰ ਗ੍ਰਹਿ ਮਾਮਲੇ ਬਾਰੇ ਮੰਤਰਾਲੇ ਦੇ ਹੁਕਮਾਂ ਮੁਤਾਬਿਕ ਭਾਰਤ ਪਾਕਿਸਤਾਨ ਸਰਹੱਦ ਅਟਾਰੀ ਤੋਂ ਉਸਦੇ ਦੇਸ਼ ਪਾਕਿਸਤਾਨ ਭੇਜਣ ਦਾ ਪ੍ਰਬੰਧ ਕੀਤਾ ਗਿਆ।

---------------------------------------------------------------

ਪੰਜਾਬ ਸਰਕਾਰ ਵੱਲੋਂ ਪੂਰੇ ਪੰਜਾਬ ਵਿੱਚ ਚਲਾਏ ਜਾ ਰਹੀ 'ਮਿਸ਼ਨ ਕਲੀਨ ਪੰਜਾਬ' ਮੁਹਿੰਮ ਸੂਬੇ ਭਰ ਵਿਚ ਜਾਰੀ ਏ । ਬਾਗਬਾਨੀ ਮੰਤਰੀ ਮੋਹਿੰਦਰ ਭਗਤ ਨੇ ਅੱਜ 'ਕਲੀਨ ਪੰਜਾਬ' ਮਿਸ਼ਨ ਤਹਿਤ ਜਲੰਧਰ ਦੇ ਨਿਊ ਗੌਤਮ ਨਗਰ ਵਿਖੇ ਚਲਾਈ ਗਈ ਸਫ਼ਾਈ ਮੁਹਿੰਮ ਵਿੱਚ ਹਿੱਸਾ ਲਿਆ। ਕੈਬਨਿਟ ਮੰਤਰੀ ਨੇ ਸਫ਼ਾਈ ਮੁਹਿੰਮ ਦੌਰਾਨ ਸੈਨੀਟੇਸ਼ਨ ਵਰਕਰਾਂ ਨਾਲ ਮਿਲ ਕੇ ਖੁਦ ਗਲੀਆਂ ਦੀ ਸਫ਼ਾਈ ਕੀਤੀ। ਓਧਰ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਪਠਾਨਕੋਟ ਵਿੱਚ ਚਲਾਈ ਜਾ ਰਹੀ ਸਫਾਈ ਮੁਹਿੰਮ ਬਾਰੇ ਜਾਣਕਾਰੀ ਦਿੰਦੇ ਹੋਏ।
BYTE:RNU010926
ਓਧਰ ਪਠਾਨਕੋਟ ਦੇ ਵੱਖ-ਵੱਖ ਇਲਾਕਿਆਂ ਵਿੱਚ ਵੀ ਸਫਾਈ ਮੁਹਿੰਮ ਚਲਾਈ ਗਈ।

---------------------------------------------------------------

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪਰਾਲੀ ਸਾੜਨ 'ਤੇ ਰੋਕ ਲਗਾਉਣ ਲਈ ਵੱਡੇ ਪੱਧਰ 'ਤੇ ਜਾਗਰੂਕਤਾ ਮੁਹਿੰਮ ਚਲਾਉਣ ਦਾ ਸੱਦਾ ਦਿੱਤਾ।
- ਸਿਹਤ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਪਟਿਆਲਾ ਜ਼ਿਲ੍ਹੇ ’ਚ ਨਸ਼ਾ ਰੋਕੂ ਗਤੀਵਿਧੀਆਂ ਦਾ ਜਾਇਜ਼ਾਕਿਹਾ, ਨਸ਼ਿਆਂ ਦੀ ਸਪਲਾਈ ਚੇਨ ਤੋੜਨ ਲਈ ਕਾਬੂ ਕੀਤੇ ਜਾਣਗੇ ਨਸ਼ਾ ਤਸਕਰ।
- ਪੰਜਾਬ ਸਰਕਾਰ ਵੱਲੋਂ ਸੀਨੀਅਰ ਨਾਗਰਿਕਾਂ ਦੀ ਭਲਾਈ ਲਈ 598 ਲੱਖ ਤੋਂ ਵੱਧ ਦੀ ਸੂਬਾ ਕਾਰਜ ਯੋਜਨਾ ਨੂੰ ਪ੍ਰਵਾਨਗੀ।
- ਜਲੰਧਰ ਵਿੱਚ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ‘ਰਨ ਫਾਰ ਇਕੁਐਲਿਟੀ’ ਮੈਰਾਥਨ ’ਚ 650 ਐਥਲੀਟਾਂ ਨੇ ਲਿਆ ਹਿੱਸਾ।
- ਪੰਜਾਬ ਵਿੱਚ ਚਲਾਈ ਜਾ ਰਹੀ ‘ਮਿਸ਼ਨ ਕਲੀਨ ਪੰਜਾਬ’ ਮੁਹਿੰਮ ਸੂਬੇ ਭਰ ਵਿਚ ਉਤਸ਼ਾਹ ਨਾਲ ਜਾਰੀ ਏ।

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗ 7.30 ਨਮਸਕਾਰ !**